ਆਈ.ਕੇ.ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਅੰਮ੍ਰਿਤਸਰ ਕੈਂਪਸ
I.K. Gujral Punjab Technical University Amritsar Campus
Estd. Under Punjab Technical University Act, 1996 (Punjab Act No. 1 of 1997)

# ਪੋਸਟ ਮੈਟ੍ਰਿਕ ਸਕਾਲਰਸ਼ਿਪ ਫਾਰ ਐਸ.ਸੀ. ਸਟੂਡੈਂਟਸ ਸਕੀਮ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵਿਦਿਆਰਥੀਆਂ ਲਈ ਹਦਾਇਤਾਂ ਅਤੇ ਦਿਸ਼ਾ ਨਿਰਦੇਸ਼

1. Fresh ਕੋਰਸਾਂ ਵਿੱਚ ਦਾਖਲੇ ਤੋਂ ਪਹਿਲਾਂ ਵਿਦਿਆਰਥੀਆਂ ਨੂੰ ਫ੍ਰੀ-ਸ਼ਿਪ ਕਾਰਡ ਲਈ ਅਪਲਾਈ ਕਰਨਾ ਲਾਜ਼ਮੀ ਹੁੰਦਾ ਹੈ। ਇਸ ਲਈ ਵਿਦਿਆਰਥੀ ਨੂੰ ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ ਤੇ ਆਪਣੇ ਆਧਾਰ ਨਾਲ ਰਜਿਸਟਰ ਕਰਨਾ ਹੁੰਦਾ ਹੈ। ਇਸ ਉਪਰੰਤ ਵਿਦਿਆਰਥੀ ਨੂੰ ਯੂਨੀਕ ਐਪਲੀਕੈਂਟ ਆਈ.ਡੀ. (Applicant Id) ਜਨਰੇਟ ਕੀਤੀ ਜਾਂਦੀ ਹੈ। (ਪੁਰਾਣੇ ਵਿਦਿਆਰਥੀਆਂ ਨੂੰ ਨਵੀਂ ਆਈ.ਡੀ. ਜਨਰੇਟ ਕਰਨ ਦੀ ਜ਼ਰੂਰਤ ਨਹੀਂ ਹੁੰਦੀ)। ਇਸ ਲਈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਜਦੋਂ ਵੀ ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ ਵਿਦਿਆਰਥੀਆਂ ਨੂੰ ਫ੍ਰੀ-ਸ਼ਿਪ ਕਾਰਡ ਜਾਰੀ ਕਰਨ ਲਈ ਖੋਲਿਆ ਜਾਂਦਾ ਹੈ ਤਾਂ ਉਹ ਤੁਰੰਤ ਆਪਣੇ ਆਪ ਨੂੰ ਪੋਰਟਲ ਤੇ ਰਜਿਸਟਰ ਕਰਨ।

2. ਫ੍ਰੀ-ਸ਼ਿਪ ਕਾਰਡ ਜਾਰੀ ਕਰਨ ਲਈ ਹਰੇਕ ਵਿਦਿਆਰਥੀ ਨੂੰ ਆਪਣਾ ਜਾਤੀ ਸਰਟੀਫਿਕੇਟ, ਪਰਿਵਾਰ ਦਾ ਸਲਾਨਾ ਆਮਦਨ ਸਰਟੀਫਿਕੇਟ ਅਤੇ ਆਪਣੀ ਪਿਛਲੀ ਜਮਾਤ ਦਾ ਪਾਸ ਸਰਟੀਫਿਕੇਟ (ਡੀ.ਐਮ.ਸੀ.) ਅਪਲੋਡ ਕਰਨਾ ਪੈਂਦਾ ਹੈ। ਇਸ ਲਈ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਜੋ ਵੀ ਵਿਦਿਆਰਥੀ ਨਵੇਂ ਕੋਰਸ ਵਿੱਚ ਦਾਖਲਾ ਲੈਣਾ ਚਾਹੁੰਦੇ ਹਨ ਉਹ ਉਕਤ ਦਸਤਾਵੇਜ਼ ਪਹਿਲਾਂ ਤਿਆਰ ਕਰਕੇ ਰੱਖਣ (Renewal ਵਿਦਿਆਰਥੀ ਜੋ ਇੱਕ ਸਾਲ ਤੋਂ ਵੱਧ ਸਮੇਂ ਵਾਲੇ ਕੋਰਸਾਂ ਵਿੱਚ ਦਾਖਲਾ ਲੈਂਦੇ ਹਨ, ਉਨ੍ਹਾਂ ਨੂੰ ਸਿਰਫ਼ ਪਹਿਲੇ ਸਾਲ ਹੀ ਫ੍ਰੀ-ਸ਼ਿਪ ਕਾਰਡ ਬਣਾਉਣ ਦੀ ਜ਼ਰੂਰਤ ਹੈ। ਬਾਕੀ ਸਾਲਾਂ ਵਿੱਚ ਉਨ੍ਹਾਂ ਦੀਆਂ ਦਰਖਾਸਤਾਂ ਸੰਸਥਾਂ ਪੱਧਰ ਤੇ ਹੀ ਜਨਰੇਟ ਹੁੰਦੀਆਂ ਹਨ)।

3. ਭਾਰਤ ਸਰਕਾਰ ਵੱਲੋਂ ਸਾਲ 2022-23 ਤੋਂ ਕੇਂਦਰ ਸਰਕਾਰ ਅਤੇ ਰਾਜ ਸਰਕਾਰ ਦੇ ਹਿੱਸੇ ਦੀ ਅਦਾਇਗੀ ਵਿਦਿਆਰਥੀਆਂ ਦੇ ਆਧਾਰ ਸੀਡਿਡ ਬੈਂਕ ਖਾਤਿਆਂ ਵਿੱਚ ਡੀ.ਬੀ.ਟੀ. ਰਾਹੀਂ ਕੀਤੀ ਜਾ ਰਹੀ ਹੈ। ਇਸ ਲਈ ਸਮੂਹ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਆਪਣਾ ਬੈਂਕ ਖਾਤਾ ਆਪਣੇ ਆਧਾਰ ਨਾਲ ਸੀਡ ਕਰਵਾਉਣ ਅਤੇ ਇਹ ਖਾਤਾ ਚਾਲੂ ਹਾਲਤ ਵਿੱਚ (Operative) ਹੋਵੇ, ਤਾਂ ਜੋ ਵਿਦਿਆਰਥੀਆਂ ਨੂੰ ਅਦਾਇਗੀ ਸਮੇਂ ਕੋਈ ਸਮੱਸਿਆ ਨਾ ਆਵੇ।

4. ਹਰੇਕ ਵਿਦਿਆਰਥੀ ਇਹ ਯਕੀਨੀ ਬਣਾਵੇਗਾ ਕਿ ਜਦੋਂ ਵੀ ਉਸ ਦੇ ਬੈਂਕ ਖਾਤੇ ਵਿੱਚ ਸਕਾਲਰਸ਼ਿਪ ਦੀ ਰਾਸ਼ੀ ਆਉਂਦੀ ਹੈ ਤਾਂ ਉਹ ਕੋਰਸ ਦੀ ਫੀਸ ਦੀ ਰਾਸ਼ੀ ਆਪਣੀ ਸਬੰਧਤ ਸੰਸਥਾਂ ਵਿੱਚ ਜਮ੍ਹਾਂ ਕਰਵਾਉਣ ਲਈ ਪਾਬੰਦ ਹੋਵੇਗਾ।

5. ਪਿਛਲੇ ਸਮੇਂ ਦੌਰਾਨ ਇਹ ਧਿਆਨ ਵਿੱਚ ਆਇਆ ਹੈ ਕਿ ਕੁਝ ਵਿਦਿਆਰਥੀਆਂ ਦੀ ਡਿਟੇਲ ਪੋਰਟਲ ਤੇ ਗਲਤ ਭਰੀ ਹੁੰਦੀ ਹੈ। ਜਿਸ ਕਾਰਨ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਸਬੰਧੀ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੇ ਵਿਦਿਆਰਥੀ ਦੱਸਦੇ ਹਨ ਕਿ ਉਨ੍ਹਾਂ ਦੀ ਡਿਟੇਲ ਸੰਸਥਾਂ ਵੱਲੋਂ ਜਾਂ ਸਾਇਬਰ ਕੈਫੇ ਦੁਆਰਾ ਭਰੀ ਗਈ ਹੈ। ਇਸ ਲਈ ਸਬੰਧਤ ਵਿਦਿਆਰਥੀ ਇਹ ਯਕੀਨੀ ਬਣਾਵੇ ਕਿ ਉਸ ਸਬੰਧੀ ਜੋ ਵੀ ਡਿਟੇਲ ਪੋਰਟਲ ਤੇ ਭਰੀ ਗਈ ਹੈ, ਉਸ ਨੂੰ ਪੂਰੀ ਤਰ੍ਹਾਂ ਨਾਲ ਚੈੱਕ ਕਰਕੇ ਹੀ ਲਾਕ ਕੀਤਾ ਜਾਵੇ ਅਤੇ ਵਿਦਿਆਰਥੀ ਵੱਲੋਂ ਆਪਣਾ ਮੋਬਾਇਲ ਨੰਬਰ ਅਤੇ ਈ.ਮੇਲ ਆਈ.ਡੀ. ਪੋਰਟਲ ਤੇ ਭਰਨਾ ਯਕੀਨੀ ਬਣਾਇਆ ਜਾਵੇ।

6. ਵਿਦਿਆਰਥੀ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਬੰਧੀ ਕਿਸੇ ਵੀ ਜਾਣਕਾਰੀ ਹਿੱਤ ਸੰਸਥਾਂ ਦੇ ਨੋਡਲ ਅਫਸਰ ਨਾਲ ਸੰਪਰਕ ਕਰ ਸਕਦੇ ਹਨ।